# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :15-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਜਰਾਤ ਦੇ ਡੇਡੀਆਪਾੜਾ ਕਸਬੇ ਵਿੱਚ 9 ਹਜ਼ਾਰ 700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

- ਪੰਜਾਬ ਸਰਕਾਰ ਨੇ ਅਸ਼ੀਰਵਾਦ ਯੋਜਨਾ ਤਹਿਤ ਬਿਨੈ ਕਰਨ ਦੀ ਸਮਾਂ-ਹੱਦ 30 ਤੋਂ ਵਧਾ ਕੇ 60 ਦਿਨ ਕੀਤੀ।

- ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ 116 ਕਿਲੋਗ੍ਰਾਮ ਤੋਂ ਵੱਧ ਨਸ਼ੀਲੇ ਪਦਾਰਥਾਂ ਅਤੇ ਅਸਲੇ ਸਮੇਤ 5 ਤਸਕਰਾਂ ਨੂੰ ਕੀਤਾ ਗ੍ਰਿਫ਼ਤਾਰ ।

- ਪੰਜਾਬ ਸਰਕਾਰ ਨੇ ਗੈਂਗਸਟਰਾਂ ਖਿਲਾਫ ਕਾਰਵਾਈ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ ਅੰਮ੍ਰਿਤਸਰ ਦਿਹਾਤੀ ਦੇ SSP ਮਨਿੰਦਰ ਸਿੰਘ ਨੂੰ ਮੁਅੱਤਲ ਕੀਤਾ ।

- ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਪੰਜਾਬ ਵਿੱਚ ਪਾਣੀ ਦੇ ਵੱਧ ਰਹੇ ਗੰਭੀਰ ਸੰਕਟ ਨਾਲ ਨਜਿੱਠਣ ਲਈ, ਇੱਕ ਵਿਆਪਕ ਨੀਤੀ ਦਸਤਾਵੇਜ਼ ਤਿਆਰ ਕਰਕੇ, ਇਸਨੂੰ ਸੂਬਾ ਸਰਕਾਰ ਅਤੇ ਸੰਯੁਕਤ ਰਾਸ਼ਟਰ ਸੰਗਠਨ ਨੂੰ ਸੌਂਪਣ ਦਾ ਕੀਤਾ ਐਲਾਨ ।

**ਹੁਣ ਖਬਰਾਂ ਵਿਸਥਾਰ ਨਾਲ**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਜਰਾਤ ਵਿੱਚ ਨਰਮਦਾ ਜ਼ਿਲ੍ਹੇ ਦੇ ਡੇਡੀਆਪਾੜਾ ਕਸਬੇ ਵਿੱਚ 9 ਹਜ਼ਾਰ 700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਇਹ ਪ੍ਰੋਜੈਕਟ ਬੁਨਿਆਦੀ ਢਾਂਚੇ, ਸਿਹਤ, ਸਿੱਖਿਆ ਅਤੇ ਵਿਰਾਸਤ 'ਤੇ ਕੇਂਦ੍ਰਤ ਕਰਦੇ ਨੇ ਜੋ ਖਾਸ ਤੌਰ 'ਤੇ ਕਬਾਇਲੀ ਸਸ਼ਕਤੀਕਰਨ 'ਤੇ ਜ਼ੋਰ ਦਿੰਦੇ ਨੇ । ਇਹ ਪ੍ਰੋਜੈਕਟ ਜਨਜਾਤੀਯ ਗੌਰਵ ਦਿਵਸ ਦੇ ਮੌਕੇ 'ਤੇ ਜਾਰੀ ਕੀਤੇ ਗਏ ਨੇ , ਜੋ ਕਿ ਮਹਾਨ ਕਬਾਇਲੀ ਨੇਤਾ ਅਤੇ ਆਜ਼ਾਦੀ

ਘੁਲਾਟੀਏ ਭਗਵਾਨ ਬਿਰਸਾ ਮੁੰਡਾ ਦੀ 150ਵੀਂ ਜਯੰਤੀ ਦੇ ਜਸ਼ਨ ਨੂੰ ਮਨਾਉਂਦੇ ਹਨ। ਭਗਵਾਨ ਬਿਰਸਾ ਮੁੰਡਾ ਦੀ ਜਯੰਤੀ ਮਨਾਉਣ ਲਈ ਇੱਕ ਇਕੱਠ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਇਸ ਪਵਿੱਤਰ ਮੌਕੇ ਸਾਨੂੰ ਸਬਕਾ ਸਾਥ, ਸਬਕਾ ਵਿਕਾਸ ਦੇ ਮੰਤਰ ਨੂੰ ਮਜ਼ਬੂਤ ਕਰਨ ਦਾ ਪ੍ਰਣ ਲੈਣਾ ਚਾਹੀਦਾ ਏ ।

BYTE

ਜ਼ਿਕਰਯੋਗ ਏ ਕਿ ਦੇਸ਼ ਅੱਜ ਸੁਤੰਤਰਤਾ ਸੰਗਰਾਮੀ ਅਤੇ ਕਬਾਇਲੀ ਨੇਤਾ, ਭਗਵਾਨ ਬਿਰਸਾ ਮੁੰਡਾ ਦਾ ਜਨਮ ਦਿਨ ਮਨਾਉਣ ਲਈ, ਜਨਜਾਤੀਯ ਗੌਰਵ ਦਿਵਸ ਮਨਾ ਰਿਹਾ ਏ। ਕਬਾਇਲੀ ਇਤਿਹਾਸ ਨੂੰ ਸੰਭਾਲਣ ਦੀ ਅਹਿਮੀਅਤ ਨੂੰ ਪਛਾਣਦੇ ਹੋਏ, ਕੇਂਦਰ ਸਰਕਾਰ ਨੇ 15 ਨਵੰਬਰ ਨੂੰ ਕਬਾਇਲੀ ਗੌਰਵ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਏ।

---------------------------------------------------

ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ-NIT ਜਲੰਧਰ ਦੀ ਐਨ.ਐਸ.ਐਸ ਇਕਾਈ ਨੇ ਕੈਂਪਸ ਵਿੱਚ ਜਨਜਾਤੀਯ

ਗੌਰਵ ਦਿਵਸ ਬਹੁਤ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ। ਇਸ ਸਮਾਗਮ ਦਾ ਉਦੇਸ਼ ਭਾਰਤ ਦੇ ਕਬਾਇਲੀ ਭਾਈਚਾਰਿਆਂ ਦੇ ਅਮੀਰ ਸੱਭਿਆਚਾਰਕ ਵਿਰਾਸਤ, ਅਨਮੋਲ ਯੋਗਦਾਨ ਅਤੇ ਕੁਰਬਾਨੀਆਂ ਦਾ ਸਨਮਾਨ ਕਰਨਾ ਸੀ। ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ, ਇਸ ਦੌਰਾਨ ਜਾਗਰੂਕਤਾ ਸੈਸ਼ਨ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਦਿਨ ਦੀ ਮਹੱਤਤਾ ਨੂੰ ਉਜਾਗਰ ਕਰਨ ਵਾਲੀਆਂ ਚਰਚਾਵਾਂ ਇਸਦਾ ਹਿੱਸਾ ਬਣੀਆਂ । ਐਨ.ਐਸ.ਐਸ ਵਲੰਟੀਅਰਾਂ ਨੇ ਕਬਾਇਲੀ ਰਿਵਾਇਤ  ਨੂੰ ਸੁਰੱਖਿਅਤ ਰੱਖਣ ਅਤੇ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਕਬਾਇਲੀ ਆਗੂਆਂ ਦੀ ਮਹੱਤਵਪੂਰਨ ਭੂਮਿਕਾ ਨੂੰ ਸਵੀਕਾਰ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

----------------------------------------------------

ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਯੋਜਨਾ ਤਹਿਤ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਨੈ ਕਰਨ ਦੀ ਸਮਾਂ-ਹੱਦ 30 ਤੋਂ ਵਧਾ ਕੇ 60 ਦਿਨ ਕਰ ਦਿੱਤੀ ਗਈ ਏ ।

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਮਹੱਤਵਪੂਰਨ ਫੈਸਲੇ ਨਾਲ ਹੁਣ ਯੋਗ ਪਰਿਵਾਰ ਆਸਾਨੀ ਨਾਲ ਦਸਤਾਵੇਜ਼ੀ ਕਾਰਵਾਈ ਪੂਰੀ ਕਰਕੇ ਯੋਜਨਾ ਦਾ ਲਾਭ ਲੈ ਸਕਣਗੇ, ਜਿਸ ਨਾਲ ਕੋਈ ਵੀ ਪਰਿਵਾਰ ਸਹਾਇਤਾ ਤੋਂ ਵਾਂਝਾ ਨਹੀਂ ਰਹੇਗਾ। ਉਨ੍ਹਾਂ ਦੱਸਿਆ ਕਿ ਵਿਆਹ ਦੀਆਂ ਰਸਮਾਂ ਅਤੇ ਤਿਆਰੀਆਂ ਦੌਰਾਨ ਕਈ ਵਾਰ ਪਰਿਵਾਰਾਂ ਕੋਲ ਸਮਾ ਘੱਟ ਰਹਿ ਜਾਂਦਾ ਏ , ਜਿਸ ਕਾਰਨ ਉਹ ਪਹਿਲਾਂ 30 ਦਿਨ ਦੀ ਹੱਦ ਵਿੱਚ ਬਿਨੈ ਕਰਨ ਤੋਂ ਵਾਂਝੇ ਰਹਿ ਜਾਂਦੇ ਸਨ। ਹੁਣ ਨਵੀਂ ਸਮਾਂ-ਹੱਦ  60 ਦਿਨ ਹੋਣ ਨਾਲ ਇਹ ਮੁਸ਼ਕਿਲ ਪੂਰੀ ਤਰ੍ਹਾਂ ਦੂਰ ਹੋ ਜਾਵੇਗੀ ਅਤੇ ਵੱਧ ਤੋਂ ਵੱਧ ਯੋਗ ਪਰਿਵਾਰ ਯੋਜਨਾ  ਦਾ ਲਾਭ ਲੈ ਸਕਣਗੇ। ਡਾ. ਬਲਜੀਤ ਕੌਰ ਨੇ ਕਿਹਾ ਕਿ ਅਸ਼ੀਰਵਾਦ ਸਕੀਮ ਦਾ ਮੁੱਖ ਉਦੇਸ਼ ਯੋਗ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਲਈ ਆਰਥਿਕ ਸਹਾਇਤਾ ਪ੍ਰਦਾਨ ਕਰਕੇ ਉਨ੍ਹਾਂ ਦੇ ਭਵਿੱਖ ਨੂੰ ਮਜ਼ਬੂਤ ਕਰਨਾ ਏ ।

--------------------------------------------------------

ਮਾਲੀਆ ਜਾਂਚ ਬਾਰੇ ਡਾਇਰੈਕਟੋਰੇਟ ਦੀ ਲੁਧਿਆਣਾ ਜ਼ੋਨਲ ਇਕਾਈ ਨੇ

ਖਾਸ ਸੂਚਨਾ 'ਤੇ ਅੱਜ ਸਾਹਨੇਵਾਲ ਨੇੜੇ ਇੱਕ ਕਾਰ ਵਿੱਚੋਂ ਗਾਂਜੇ ਦੇ 74 ਪੈਕੇਟ ਜ਼ਬਤ ਕੀਤੇ ਨੇ ਅਤੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । ਸੂਤਰਾਂ ਅਨੁਸਾਰ, 103 ਕਿਲੋਗ੍ਰਾਮ ਵਜ਼ਨ ਵਾਲੇ ਪੈਕੇਟਾਂ ਨੂੰ ਕਾਰ ਵਿੱਚ ਵਿਸ਼ੇਸ਼ ਤੌਰ 'ਤੇ ਬਣਾਏ ਗਏ ਖੋਖਿਆਂ ਵਿੱਚ ਰੱਖਿਆ ਗਿਆ ਸੀ ਤਾਂ ਜੋ ਨਸ਼ੀਲੇ ਪਦਾਰਥਾਂ ਨੂੰ ਛੁਪਾਇਆ ਜਾ ਸਕੇ। ਅਗਲੇਰੀ ਜਾਂਚ ਜਾਰੀ ਏ ।  ਓਧਰ ਸੀਮਾ ਸੁਰੱਖਿਆ ਬਲ ਨੇ ਅੱਜ ਗੁਰਦਾਸਪੁਰ ਵਿੱਚ ਇੱਕ ਨਸ਼ਾ ਤਸਕਰ ਨੂੰ 11 ਕਿਲੋਗ੍ਰਾਮ ਹੈਰੋਇਨ ਅਤੇ ਇੱਕ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ ਏ । ਅੰਮ੍ਰਿਤਸਰ ਦੇ ਪਿੰਡ ਛੇਹਰਟਾ ਦੇ ਰਹਿਣ ਵਾਲੇ ਇਸ ਵਿਅਕਤੀ ਨੂੰ ਬੀ.ਐਸ.ਐਫ ਨੇ ਪੰਜਾਬ ਪੁਲਿਸ ਦੇ ਹਵਾਲੇ ਕਰ ਦਿੱਤਾ ਏ ।

-----------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਜਲੰਧਰ ਨੇ ਅੰਤਰ ਰਾਜੀ ਡਰੱਗ ਨੈੱਟਵਰਕ ਵਿੱਚ ਸ਼ਾਮਲ 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 205 ਗ੍ਰਾਮ ਕੋਕੀਨ, 2 ਕਿਲੋਗ੍ਰਾਮ ਚਰਸ, 2 ਪਿਸਤੌਲ ਅਤੇ 5 ਜ਼ਿੰਦਾ ਰੌਂਦ ਬਰਾਮਦ ਕੀਤੇ ਨੇ । ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ

ਕਿ ਸੀ.ਆਈ.ਏ. ਸਟਾਫ਼ ਜਲੰਧਰ ਦੀ ਟੀਮ ਨੇ ਨਸ਼ਾ ਤਸਕਰਾਂ ਸਬੰਧੀ ਤਲਾਸ਼ੀ ਮੁਹਿੰਮ ਦੌਰਾਨ ਜੀ.ਟੀ. ਰੋਡ ਫਗਵਾੜਾ  ‘ਤੇ ਇਨਾ ਨੂੰ ਕਾਬੂ ਕੀਤਾ ਗਿਆ ਏ।

------------------------------------------------------

ਕਿਫਾਇਤੀ ਦਵਾਈਆਂ ਅਤੇ ਇਲਾਜ ਲਈ ਭਰੋਸੇਯੋਗ ਇਮਪਲਾਂਟ (ਅਮ੍ਰਿਤ) ਪਹਿਲਕਦਮੀ ਨੇ ਅੱਜ 10 ਸਾਲ ਪੂਰੇ ਕਰ ਲਏ ਨੇ। ਨਵੀਂ ਦਿੱਲੀ ਵਿੱਚ ਅਮਰੁਤ ਦੀ 10ਵੀਂ ਵਰ੍ਹੇਗੰਢ ਦੇ ਜਸ਼ਨਾਂ ਵਿਖੇ ਬੋਲਦਿਆਂ, ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਕਿ ਇਸ ਪ੍ਰੋਗਰਾਮ ਨੇ ਪਿਛਲੇ ਦਸ ਸਾਲਾਂ ਵਿੱਚ ਮਰੀਜ਼ਾਂ ਨੂੰ ਲਗਭਗ 8 ਹਜ਼ਾਰ 500 ਕਰੋੜ ਰੁਪਏ ਬਚਾਉਣ ਵਿੱਚ ਮਦਦ ਕੀਤੀ ਏ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 255 ਅਮ੍ਰਿਤ ਫਾਰਮੇਸੀਆਂ ਨੇ, ਜੋ ਦਵਾਈਆਂ, ਇਮਪਲਾਂਟ, ਸਰਜੀਕਲ- ਡਿਸਪੋ-ਜ਼ੇਬਲ ਅਤੇ ਹੋਰ ਖਪਤਕਾਰ ਸਮਗਰੀਆਂ ਸਮੇਤ 6 ਹਜ਼ਾਰ 500 ਤੋਂ ਵੱਧ ਉਤਪਾਦਾਂ 'ਤੇ ਵੱਧ ਤੋਂ ਵੱਧ ਪ੍ਰਚੂਨ ਕੀਮਤ (MRP) 'ਤੇ 50 ਫੀਸਦੀ ਤੱਕ ਦੀ ਛੋਟ ਦੀ ਪੇਸ਼ਕਸ਼ ਕਰਦੀਆਂ ਨੇ।

BYTE

ਸ੍ਰੀ ਨੱਡਾ ਨੇ ਦੇਸ਼ ਭਰ ਵਿੱਚ 10 ਨਵੀਆਂ ਅੰਮ੍ਰਿਤ ਫਾਰਮੇਸੀਆਂ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਅੰਮ੍ਰਿਤ ਨੈੱਟਵਰਕ ਨੂੰ 500 ਫਾਰਮੇਸੀਆਂ ਤੱਕ ਵਧਾਉਣ ਦੀ ਯੋਜਨਾ ਦਾ ਖਾਕਾ ਦਿੱਤਾ । ਇਸਦਾ ਉਦੇਸ਼ ਮਰੀਜ਼ਾਂ ਲਈ ਜ਼ਰੂਰੀ ਦਵਾਈਆਂ ਅਤੇ ਡਾਕਟਰੀ ਸਪਲਾਈ ਤੱਕ ਕਿਫਾਇਤੀ ਪਹੁੰਚ ਨੂੰ ਬਿਹਤਰ ਬਣਾਉਣਾ ਏ । ਉਨ੍ਹਾਂ ਕਿਹਾ ਕਿ ਅੰਮ੍ਰਿਤ ਫਾਰਮੇਸੀਆਂ ਦੇਸ਼ ਦੇ ਹਰ ਮੈਡੀਕਲ ਕਾਲਜ ਅਤੇ ਹਰ ਜ਼ਿਲ੍ਹਾ ਹਸਪਤਾਲ ਵਿੱਚ ਸਥਾਪਿਤ ਕੀਤੀਆਂ ਜਾਣੀਆਂ ਚਾਹੀਦੀਆਂ ਨੇ ।

---------------------------------------------------------

ਪੰਜਾਬ ਸਰਕਾਰ ਨੇ ਗੈਂਗਸਟਰਾਂ ਖਿਲਾਫ ਕਾਰਵਾਈ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਮਨਿੰਦਰ ਸਿੰਘ ਨੂੰ ਮੁਅੱਤਲ ਕਰ ਦਿੱਤਾ ਏ । ਅਧਿਕਾਰਤ ਸੂਤਰਾਂ ਅਨੁਸਾਰ, ਸੂਬੇ  ਅਤੇ ਇਸਦੇ ਨਾਗਰਿਕਾਂ ਦੀ ਸੁਰੱਖਿਆ ਪ੍ਰਤੀ ਸਬੰਧਤ ਅਧਿਕਾਰੀਆਂ ਦੀ ਜਵਾਬਦੇਹੀ ਯਕੀਨੀ ਬਣਾਉਣ ਲਈ ਇਹ ਸਖ਼ਤ ਕਾਰਵਾਈ ਕੀਤੀ ਗਈ ਏ ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਗੈਂਗਸਟਰਾਂ ਖਿਲਾਫ ਕਾਰਵਾਈ ਵਿੱਚ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

---------------------------------------------

ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਪੰਜਾਬ ਵਿੱਚ ਵੱਧ ਰਹੇ ਪਾਣੀ ਦੇ ਗੰਭੀਰ ਸੰਕਟ ਨਾਲ ਨਜਿੱਠਣ ਲਈ ਇੱਕ ਵੱਡਾ ਕਦਮ ਚੁੱਕਦਿਆਂ ਐਲਾਨ ਕੀਤਾ ਏ ਕਿ ਉਹ, ਇਸ ਮਸਲੇ 'ਤੇ ਇੱਕ ਵਿਆਪਕ ਨੀਤੀ ਦਸਤਾਵੇਜ਼ ਤਿਆਰ ਕਰੇਗੀ ਅਤੇ ਇਸ ਨੂੰ ਸੂਬਾ ਸਰਕਾਰ ਅਤੇ ਸੰਯੁਕਤ ਰਾਸ਼ਟਰ ਸੰਗਠਨ ਨੂੰ ਸੌਂਪੇਗੀ । ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਯੂਨੀਵਰਸਿਟੀ ਵਿੱਚ ਪੰਜਾਬ ਦੇ ਪਾਣੀ ਸੰਕਟ ਬਾਰੇ ਯੂਨੀਵਰਸਿਟੀ ਵਿਚ ਆਯੋਜਿਤ ਇੱਕ ਉੱਚ-ਪੱਧਰੀ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਇਸ ਬਾਰੇ ਜਾਣਕਾਰੀ ਦਿਤੀ । ਇਹ ਵਰਕਸ਼ਾਪ ਪੰਜਾਬ ਦੇ ਪਾਣੀ ਸੰਕਟ ਨੂੰ ਲੈ ਕੇ ਮਾਹਿਰਾਂ, ਖੋਜ ਕਰਨ ਵਾਲਿਆਂ ਅਤੇ ਨੀਤੀ ਵਿਸ਼ਲੇਸ਼ਕਾਂ ਨੂੰ ਇੱਕ ਮੰਚ ਤੇ ਲਿਆਉਣ ਵਾਲੀ ਸੀ। ਓਹਨਾ ਕਿਹਾ ਕਿ ਯੂਨੀਵਰਸਿਟੀ ਸਿਰਫ਼

ਅਕਾਦਮਿਕ ਚਰਚਾਵਾਂ ਤਕ ਸੀਮਿਤ ਨਹੀਂ ਰਹੇਗੀ ਬਲਕਿ ਵਰਕਸ਼ਾਪ ਦੇ ਨਤੀਜਿਆਂ ਨੂੰ ਵਿਗਿਆਨਕ ਆਧਾਰ ਤੇ ਇੱਕ ਮਜ਼ਬੂਤ ਨੀਤੀ ਖਾਕੇ ਵਿੱਚ ਬਦਲੇਗੀ ਜੋ ਸਰਕਾਰੀ ਪੱਧਰ ਤੇ ਫੈਸਲੇ ਲੈਣ ਵਿੱਚ ਮਦਦ ਕਰੇਗੀ। ਉਨ੍ਹਾਂ ਨੇ ਦੱਸਿਆ ਕਿ ਅੱਜ ਹੀ ਇੱਕ ਐਲਾਨ-ਨਾਮਾ ਤਿਆਰ ਕੀਤਾ ਜਾ ਰਿਹਾ ਏ ਜੋ ਰਾਜ ਸਰਕਾਰ ਅਤੇ ਸੰਯੁਕਤ ਰਾਸ਼ਟਰ ਸੰਗਠਨ ਨੂੰ ਭੇਜਿਆ ਜਾਵੇਗਾ, ਤਾਂ ਜੋ ਤੁਰੰਤ ਅਤੇ ਸਬੂਤ ਅਧਾਰਿਤ ਕਾਰਵਾਈਆਂ ਕੀਤੀਆਂ ਜਾ ਸਕਣ। ਮਾਹਿਰਾਂ ਵਿੱਚ ਡਾ. ਤਿਲਕ ਰਾਜ ਸ਼ਰਮਾ ਅਤੇ ਡਾ. ਐੱਸ.ਐੱਸ. ਕੁੱਕਲ ਨੇ ਧਰਤੀ ਹੇਠਲੇ ਪਾਣੀ ਦੇ ਘਟਦੇ ਪੱਧਰ, ਵਧਦੇ ਪ੍ਰਦੂਸ਼ਣ, ਜਲਵਾਯੂ ਤਬਦੀਲੀ ਦੇ ਪ੍ਰਭਾਵ ਅਤੇ ਮੌਜੂਦਾ ਪਾਣੀ ਸੰਭਾਲ ਪ੍ਰਣਾਲੀਆਂ ਦੀਆਂ ਕਮਜ਼ੋਰੀਆਂ ਵੱਲ ਧਿਆਨ ਖਿੱਚਿਆ । ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇ ਵੱਡੇ ਪੱਧਰ 'ਤੇ ਸੁਧਾਰਕ ਕਦਮ ਨਾ ਚੁੱਕੇ ਗਏ ਤਾਂ ਆਉਣ ਵਾਲੇ ਸਾਲਾਂ ਵਿੱਚ ਸਥਿਤੀ ਹੋਰ ਵਿਗੜ ਜਾਵੇਗੀ।
ਇਹ ਕਦਮ ਪੰਜਾਬ ਦੇ ਪਾਣੀ ਸੰਕਟ ਦੇ ਪਿਛੋਕੜ ਵਿੱਚ ਵੱਡੀ ਅਹਿਮੀਅਤ ਰੱਖਦਾ ਏ ਜਿੱਥੇ ਧਰਤੀ ਹੇਠਲੇ ਪਾਣੀ ਦੀ ਨਿਕਾਸੀ ਦਰ 156 ਫੀਸਦੀ ਤੋਂ ਵੱਧ ਏ ਅਤੇ ਜ਼ਿਆਦਾਤਰ ਬਲਾਕਾਂ ਵਿਚ ਇਹ ਦਰ

ਇਸਤੋਂ ਵੀ ਵੱਧ ਏ । ਮਾਹਿਰਾਂ ਨੇ ਅਗਾਹ ਕੀਤਾ ਕਿ ਬਿਨਾਂ ਕਿਸੇ ਕਾਰਵਾਈ ਤੋਂ ਆਰਥਿਕ ਨੁਕਸਾਨ ਅਤੇ ਖੇਤੀ ਨੂੰ ਖਤਰਾ ਵਧੇਗਾ।

-----------------------------------------------

ਫਤਿਹਗੜ੍ਹ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਸਿੱਖ ਐਜੂਕੇਸ਼ਨ ਕੌਂਸਲ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਤੀਜੀ ਅੰਤਰ-ਰਾਸ਼ਟਰੀ ਕਾਨਫਰੰਸ ਕਰਵਾਈ ਗਈ । ਇਸਦਾ ਉਦਘਾਟਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤਾ । ਇਹ ਅੰਤਰਰਾਸ਼ਟਰੀ ਕਾਨਫਰੰਸ "ਸ੍ਰੀ ਗੁਰੂ ਗ੍ਰੰਥ ਸਾਹਿਬ: ਇਕ ਬਹੁ-ਅਨੁਸ਼ਾਸ਼ਣਕ ਦ੍ਰਿਸ਼ਟੀਕੋਣ" ਦਾ ਵਿਦਵਤਤਾਪੂਰਨ ਵਿਚਾਰ-ਚਰਚਾਵਾਂ, ਆਤਮਿਕ ਪ੍ਰੇਰਣਾ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਦੀਵੀ ਗਿਆਨ-ਪ੍ਰਬੰਧਨਾ ਪ੍ਰਤੀ ਨਵੇਂ ਸਮਰਪਣ ਨਾਲ ਸਮਾਪਨ ਹੋਇਆ। ਇਸ ਅੰਤਰਰਾਸ਼ਟਰੀ ਕਾਨਫਰੰਸ ਧਰਮ ਅਧਿਐਨ, ਅਤੇ ਵਿਗਿਆਨ ਤੇ ਇੰਜੀਨੀਅਰਿੰਗ ਨਾਲ ਸੰਬੰਧਤ ਦੋ ਤਕਨੀਕੀ ਸੈਸ਼ਨਾਂ ਦਾ ਆਯੋਜਨ ਕੀਤਾ ਗਿਆ।

-----------------------------------------------

ਕਲਾਸਰੂਮ ਸਿੱਖਿਆ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਅਤੇ ਸਿੱਖਿਆ ਪ੍ਰਣਾਲੀ ਵਿੱਚ ਵਿਸ਼ਵ ਦੇ ਬਿਹਤਰ ਅਭਿਆਸਾਂ ਨੂੰ ਸ਼ਾਮਲ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਫਿਨਲੈਂਡ ਦੀ ਯੂਨੀਵਰਸਿਟੀ ਆਫ ਤੁਰਕੂ ਵਿਖੇ 15 ਦਿਨਾਂ ਦੀ ਸਿਖਲਾਈ ਵਾਸਤੇ ਪ੍ਰਾਇਮਰੀ ਕਾਡਰ ਦੇ 72 ਅਧਿਆਪਕਾਂ ਦੇ ਤੀਜੇ ਬੈਚ ਨੂੰ ਰਵਾਨਾ ਕੀਤਾ। ਇਸ ਬੈਚ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ , ਸੈਂਟਰ ਹੈੱਡ ਟੀਚਰ , ਹੈੱਡ ਟੀਚਰ ਅਤੇ ਈ.ਟੀ.ਟੀ. ਅਧਿਆਪਕ ਸ਼ਾਮਲ ਸਨ, ਜੋ ਫਿਨਲੈਂਡ ਦੇ ਵਿਸ਼ਵ-ਪ੍ਰਸਿੱਧ ਟੀਚਿੰਗ ਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕਰਨਗੇ। ਚੰਡੀਗੜ੍ਹ ਵਿਖੇ ਮੀਡੀਆ ਨਾਲ ਗੱਲਬਾਤ ਦੌਰਾਨ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਸ ਬੈਚ ਦੀ ਸਿਖਲਾਈ ਨਾਲ ਫਿਨਲੈਂਡ ਦੀਆਂ ਅਧਿਆਪਨ ਵਿਧੀਆਂ ਬਾਰੇ ਸਿਖਲਾਈ ਹਾਸਲ ਕਰਨ ਵਾਲੇ ਅਧਿਆਪਕਾਂ ਦੀ ਕੁੱਲ ਗਿਣਤੀ 216 ਹੋ ਜਾਵੇਗੀ। ਇਹ ਕਦਮ ਪੰਜਾਬ ਸਰਕਾਰ ਦੀ ਸਿੱਖਿਆ ਪ੍ਰਣਾਲੀ ਵਿੱਚ ਸਾਕਾਰਤਮਕ ਬਦਲਾਅ ਲਿਆਉਣ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਏ । ਉਨ੍ਹਾਂ ਨੇ ਐਲਾਨ ਕੀਤਾ ਕਿ 50 ਮੁੱਖ ਅਧਿਆਪਕਾਂ ਦਾ ਪੰਜਵਾਂ ਬੈਚ

15 ਤੋਂ 19 ਦਸੰਬਰ, 2025 ਤੱਕ ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਅਹਿਮਦਾਬਾਦ ਵਿਖੇ ਇੱਕ ਲੀਡਰਸ਼ਿਪ ਸਿਖਲਾਈ ਪ੍ਰੋਗਰਾਮ ਵਿੱਚ ਸ਼ਾਮਲ ਹੋਵੇਗਾ।

-----------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਜਰਾਤ ਦੇ ਡੇਡੀਆਪਾੜਾ ਕਸਬੇ ਵਿੱਚ 9 ਹਜ਼ਾਰ 700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

- ਪੰਜਾਬ ਸਰਕਾਰ ਨੇ ਅਸ਼ੀਰਵਾਦ ਯੋਜਨਾ ਤਹਿਤ ਬਿਨੈ ਕਰਨ ਦੀ ਸਮਾਂ-ਹੱਦ 30 ਤੋਂ ਵਧਾ ਕੇ 60 ਦਿਨ ਕੀਤੀ।

- ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ 116 ਕਿਲੋਗ੍ਰਾਮ ਤੋਂ ਵੱਧ ਨਸ਼ੀਲੇ ਪਦਾਰਥਾਂ ਅਤੇ ਅਸਲੇ ਸਮੇਤ 5 ਤਸਕਰਾਂ ਨੂੰ ਕੀਤਾ ਗ੍ਰਿਫ਼ਤਾਰ ।

- ਪੰਜਾਬ ਸਰਕਾਰ ਨੇ ਗੈਂਗਸਟਰਾਂ ਖਿਲਾਫ ਕਾਰਵਾਈ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ ਅੰਮ੍ਰਿਤਸਰ ਦਿਹਾਤੀ ਦੇ SSP ਮਨਿੰਦਰ ਸਿੰਘ ਨੂੰ ਮੁਅੱਤਲ ਕੀਤਾ ।

- ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਪੰਜਾਬ ਵਿੱਚ ਪਾਣੀ ਦੇ ਵੱਧ ਰਹੇ ਗੰਭੀਰ ਸੰਕਟ ਨਾਲ ਨਜਿੱਠਣ ਲਈ, ਇੱਕ ਵਿਆਪਕ ਨੀਤੀ ਦਸਤਾਵੇਜ਼ ਤਿਆਰ ਕਰਕੇ, ਇਸਨੂੰ ਸੂਬਾ ਸਰਕਾਰ ਅਤੇ ਸੰਯੁਕਤ ਰਾਸ਼ਟਰ ਸੰਗਠਨ ਨੂੰ ਸੌਂਪਣ ਦਾ ਕੀਤਾ ਐਲਾਨ ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**